ਵਿਸ਼ਾ – ਪੰਜਾਬੀ... ਜਮਾਤ – ਸੱਤਵੀਂ / ਅੱਠਵੀਂ....

# ਦੀਵਾਲੀ ( ਲੇਖ ਰਚਨਾ )




**ਭੂਮਿਕਾ** - ਭਾਰਤ ਵੱਖ-ਵੱਖ ਜਾਤਾਂ ਅਤੇ ਧਰਮਾਂ ਦਾ ਦੇਸ਼ ਹੈ ਅਤੇ ਹਰ ਧਰਮ ਦੇ ਆਪੋ ਆਪਣੇ ਰੀਤੀ ਰਿਵਾਜ਼ ਅਤੇ ਤਿਉਹਾਰ ਹਨ। ਇਸੇ ਲਈ ਭਾਰਤ ਨੂੰ ਤਿਉਹਾਰਾਂ ਦਾ ਦੇਸ਼ ਵੀ ਕਿਹਾ ਜਾਂਦਾ ਹੈ। ਦੀਵਾਲੀ ਬਦੀ 'ਤੇ ਨੇਕੀ ਦੀ ਜਿੱਤ ਦਾ ਪ੍ਰਤੀਕ, ਹਨੇਰੇ 'ਚ ਰੋਸ਼ਨੀ ਦਾ ਅਤੇ ਗਿਆਨ ਦਾ, ਆਪਣੇ ਚੌਗਿਰਦੇ ਨੂੰ ਸਾਫ ਸੁਥਰਾ ਰੱਖਣ ਦਾ ਪ੍ਰਤੀਕ ਹੈ। ਇਸ ਤਿਉਹਾਰ ਦੀ ਧਾਰਮਿਕ ਪੱਖ ਤੋਂ ਮਹੱਤਤਾ ਤਾਂ ਹੈ ਹੀ ਨਾਲ ਹੀ ਇਹ ਸਮਾਜਿਕ ਪੱਖ ਤੋਂ ਵੀ ਬਹੁਤ ਮਹੱਤਵਪੂਰਨ ਤਿਉਹਾਰ ਹੈ।

ਧਾਰਮਿਕ ਪੱਖ ਵੱਲ ਝਾਤ ਮਾਰੀਏ ਤਾਂ ਦੇਸ਼ ਭਰ 'ਚ ਇਸ ਤਿਉਹਾਰ ਨਾਲ ਬਹੁਤ ਸਾਰੀਆਂ ਕਥਾਵਾਂ ਜੁੜੀਆਂ ਹੋਈਆਂ ਹਨ। ਸਾਲ ਦੇ ਅੰਤ 'ਚ ਅਕਤੂਬਰ-ਨਵੰਬਰ ਮਹੀਨੇ 'ਚ ਮਨਾਇਆ ਜਾਣ ਵਾਲਾ ਦੀਵਾਲੀ ਦਾ


ਤਿਉਹਾਰ ਹਿੰਦੂ ਧਰਮ 'ਚ ਭਗਵਾਨ ਸ੍ਰੀ ਰਾਮ ਦੇ 14 ਸਾਲਾਂ ਦਾ ਬਨਵਾਸ ਕੱਟ ਕੇ ਪਤਨੀ ਸੀਤਾ ਅਤੇ ਭਰਾ ਲਕਸ਼ਮਣ ਨਾਲ  ਅਯੋਧਿਆ ਵਾਪਿਸ ਆਉਣ ਦੀ ਖੁਸ਼ੀ 'ਚ ਮਨਾਇਆ ਜਾਂਦਾ ਹੈ। ਉਨਾਂ ਦੇ ਘਰ ਵਾਪਸੀ ਅਤੇ ਰਾਵਣ 'ਤੇ ਜਿੱਤ ਦੀ ਖੁਸ਼ੀ 'ਚ ਅਯੋਧਿਆ ਵਾਸੀਆਂ ਨੇ ਘਿਓ ਦੇ ਦੀਵੇ ਬਾਲ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ ਸੀ।



ਪੂਰਬੀ ਭਾਰਤ 'ਚ ਹਿੰਦੂ ਧਰਮ ਦੇ ਲੋਕ ਇਸ ਦਿਨ ਕਾਲੀ ਮਾਤਾ ਦੀ ਪੂਜਾ ਕਰਦੇ ਹਨ ਅਤੇ ਬਕਾਸੁਰ ਦੇ ਵਿਨਾਸ਼ ਦਾ ਜਸ਼ਨ ਮਨਾਉਂਦੇ ਹਨ। ਹਿੰਦੂ ਧਰਮ 'ਚ ਦੀਵਾਲੀ ਦਾ ਤਿਉਹਾਰ ਬਹੁਤ ਹੀ ਸ਼ਰਧਾ ਨਾਲ ਮਨਾਇਆ ਜਾਂਦਾ ਹੈ। ਸ਼ਾਮ ਨੂੰ ਲਕਸ਼ਮੀ ਮਾਤਾ ਦੀ ਪੂਜਾ ਕਰਨ ਤੋਂ ਬਾਅਦ ਆਤਿਸ਼ਬਾਜ਼ੀ ਦਾ ਨਜ਼ਾਰਾ ਵੇਖਣ ਹੀ ਵਾਲਾ ਹੁੰਦਾ ਹੈ। ਇਸੇ ਤਰਾਂ ਹੀ ਸਿੱਖ ਧਰਮ 'ਚ ਵੀ ਦਿਵਾਲੀ ਦਾ ਵਿਸ਼ੇਸ਼ ਮਹੱਤਵ ਹੈ।



ਇਸ ਦਿਨ ਸਿੱਖਾਂ ਦੇ ਛੇਵੇਂ ਗੁਰੂ ਹਰਗੋਬਿੰਦ ਸਾਹਿਬ ਜੀ ਮੁਗ਼ਲ ਬਾਦਸ਼ਾਹ ਜਹਾਂਗੀਰ ਦੀ ਕੈਦ 'ਚੋਂ ਗਵਾਲੀਅਰ ਦੇ ਕਿਲੇ 'ਚੋਂ 52 ਰਾਜਿਆਂ ਨਾਲ ਰਿਹਾਅ ਹੋ ਕੇ ਅੰਮ੍ਰਿਤਸਰ ਪਹੁੰਚੇ ਸੀ। ਉਨਾਂ ਦੇ ਘਰ ਆਉਣ ਦੀ ਖ਼ੁਸ਼ੀ 'ਚ ਹਰ ਪਾਸੇ ਦੀਵੇ ਬਾਲ ਕੇ ਰੌਸ਼ਨੀ ਕੀਤੀ ਗਈ ਸੀ ਅਤੇ ਨਿਆਂ ਦੀ ਜਿੱਤ ਦਾ ਜਸ਼ਨ ਮਨਾਇਆ ਗਿਆ ਸੀ। 20ਵੀਂ ਸਦੀ ਦੇ ਅੰਤ 'ਚ ਕੁੱਝ ਸਿੱਖ ਵਿਦਵਾਨਾਂ ਦੇ ਜ਼ੋਰ ਪਾਉਣ ਤੋਂ ਬਾਅਦ ਸਾਲ 2003 'ਚ ਇਸ ਦਿਨ ਨੂੰ 'ਬੰਦੀ ਛੋੜ ਦਿਵਸ' ਦੇ ਨਾਮ ਵੱਜੋਂ ਮਾਨਤਾ ਦਿੱਤੀ ਗਈ।



1606 ਈ. 'ਚ ਛੇਵੀਂ ਪਾਤਸ਼ਾਹੀ ਗੁਰੂ ਹਰਗੋਬਿੰਦ ਸਾਹਿਬ ਜੀ ਨੇ 11 ਸਾਲ ਦੀ ਛੋਟੀ ਉਮਰ 'ਚ ਗੁਰਗੱਦੀ ਸੰਭਾਲੀ ਅਤੇ ਨਾਲ ਹੀ ਮੀਰੀ ਤੇ ਪੀਰੀ ਦੋ

ਤਲਵਾਰਾਂ ਵੀ ਧਾਰਨ ਕੀਤੀਆਂ ਜੋ ਕਿ ਧਰਮ ਅਤੇ ਨਿਆਂ ਦੀਆਂ ਪ੍ਰਤੀਕ ਹਨ।

ਦੀਵਾਲੀ ਵਾਲੇ ਦਿਨ ਸ੍ਰੀ ਅੰਮ੍ਰਿਤਸਰ 'ਚ ਸ੍ਰੀ ਹਰਮੰਦਿਰ ਸਾਹਿਬ ਦਾ ਦ੍ਰਿਸ਼ ਵੇਖਣ ਵਾਲਾ ਹੁੰਦਾ ਹੈ। ਇਸ ਦਿਨ ਸ੍ਰੀ ਦਰਬਾਰ ਸਾਹਿਬ ਨੂੰ ਬਹੁਤ ਹੀ ਸ਼ਾਨਦਾਰ ਢੰਗ ਨਾਲ ਰੰਗ-ਬਰੰਗੀਆਂ ਲਾਈਟਾਂ ਤੇ ਫੁੱਲਾਂ ਨਾਲ ਸਜਾਇਆ ਜਾਂਦਾ ਹੈ। ਰਾਤ ਦੇ ਸਮੇਂ ਆਤਿਸ਼ਬਾਜੀ ਦਾ ਨਜ਼ਾਰਾ ਤਾਂ ਵੇਖਣ ਵਾਲਾ ਹੁੰਦਾ ਹੈ। ਸਿੱਖ ਧਰਮ 'ਚ ਬੰਦੀ ਛੋੜ ਦਿਵਸ ਦੇ ਮੌਕੇ ਤੇ ਨਗਰ ਕੀਰਤਨ ਕੱਢੇ ਜਾਂਦੇ ਹਨ, ਅਖੰਡ ਪਾਠਾਂ ਦੇ ਭੋਗ ਪਾਏ ਜਾਂਦੇ ਹਨ ਅਤੇ ਬਾਣੀ ਦਾ ਗਾਇਨ ਕੀਤਾ ਜਾਂਦਾ ਹੈ।



ਜੈਨ ਧਰਮ 'ਚ ਇਸ ਦਿਨ ਦਾ ਸਬੰਧ ਭਗਵਾਨ ਮਹਾਵੀਰ ਨਾਲ ਮੰਨਿਆ ਜਾਂਦਾ ਹੈ। ਇਸ ਦਿਨ ਹੀ ਭਗਵਾਨ ਮਹਾਵੀਰ ਨੇ ਮੋਕਸ਼ ਦੀ ਪ੍ਰਾਪਤੀ ਕੀਤੀ ਸੀ। ਇਸ ਦਿਨ ਰੌਸ਼ਨੀ ਨੂੰ ਗਿਆਨ ਦਾ ਪ੍ਰਤੀਕ ਮੰਨਿਆ ਜਾਂਦਾ ਹੈ ਅਤੇ

ਜੈਨ ਧਰਮ ਦੇ ਲੋਕ ਆਪਣੇ ਚਾਰ ਚੁਫੇਰੇ ਨੂੰ ਜਗ-ਮਗਾਉਂਦੀਆਂ ਰੌਸ਼ਨੀਆਂ ਨਾਲ ਸਜਾਉਂਦੇ ਹਨ ।

ਦੀਵਾਲੀ ਵਾਲੇ ਦਿਨ ਭਾਰਤ ਅਤੇ ਹੋਰ ਦੇਸ਼ਾਂ ਵਿਚ ਸਰਕਾਰੀ ਛੁੱਟੀ ਹੁੰਦੀ ਹੈ। ਦੀਵਾਲੀ ਹੁਣ ਸਿਰਫ ਕਿਸੇ ਇਕ ਧਰਮ ਦਾ ਤਿਉਹਾਰ ਨਹੀਂ ਬਲਕਿ ਦੇਸ਼ ਭਰ 'ਚ ਹਰ ਜਾਤੀ ਅਤੇ ਧਰਮ ਦੇ ਲੋਕ ਆਪਸੀ ਸ਼ਾਂਝ ਨਾਲ ਇਸ ਤਿਉਹਾਰ ਨੂੰ ਮਨਾਉਂਦੇ ਹਨ । ਇਸ ਤਿਓਹਾਰ ਨਾਲ ਆਪਸ ਵਿਚ ਭਾਈਚਾਰਾ ਬਣਿਆ ਰਹਿੰਦਾ ਹੈ ਤੇ ਇਸਦੇ ਨਾਲ ਹੀ ਖੁਸ਼ੀਆਂ ਵੀ ਆਉਂਦੀਆਂ ਹਨ। ਇਸ ਲਈ ਅਸੀਂ ਕਹਿ ਸਕਦੇ ਹਾਂ ਕਿ ਦੀਵਾਲੀ ਦਾ ਤਿਉਹਾਰ ਆਪਸੀ ਪਿਆਰ, ਸਾਂਝ ਅਤੇ ਇਤਫ਼ਾਕ ਦਾ ਪ੍ਰਤੀਕ ਹੈ।



★ ਰਾਮਕੁਮਾਰ ਵਰਮਾ ( ਪੰਜਾਬੀ ਮਾਸਟਰ ) ਮੋਬਾਇਲ 7508727529 ★

★ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਪੰਡੋਰੀ ਰਣ ਸਿੰਘ। ★